Dispatch No. I/29432/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਫਰੀਦਕੋਟ ਜਿਲ੍ਹੇ ਵਿੱਚ ਰਾਤ 9 ਵਜੇ ਤੋਂ ਸਵੇਰੇ 5 ਵਜੇ ਤੱਕ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ ਤੇ ਪਾਬੰਦੀ

ਕਰਫਿਊ/ਲਾਕਡਾਊਨ ਸਬੰਧੀ ਪਹਿਲਾਂ ਤੋਂ ਜਾਰੀ ਹੁਕਮ ਲਾਗੂ ਰਹਿਣਗੇ

ਅਨਲਾਕ-1 ਸਬੰਧੀ ਵਿਸਥਾਰ ਆਦੇਸ਼ ਵੱਖਰੇ ਤੌਰ ਤੇ ਜਾਰੀ ਹੋਣਗੇ

ਫਰੀਦਕੋਟ 1 ਜੂਨ ( ) ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਜਿਲ੍ਹਾ ਫਰੀਦਕੋਟ ਅੰਦਰ 23 ਮਾਰਚ 2020 ਤੋਂ ਲਗਾਏ ਕਰਫਿਊ ਦੀ ਲਗਾਤਾਰਤਾ ਵਿੱਚ ਜਿਲ੍ਹਾ ਫਰੀਦਕੋਟ ਅੰਦਰ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਢਿੱਲ ਦਿੱਤੀ ਗਈ ਸੀ । ਸਕੱਤਰ ਗ੍ਰਹਿ  ਮੰਤਰਾਲੇ ਭਾਰਤ ਸਰਕਾਰ, ਨਵੀਂ ਦਿੱਤੀ ਦੁਆਰਾਂ ਜਾਰੀ ਹਦਾਇਤਾਂ ਅਤੇ ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਜਸਟਿਸ ਵਿਭਾਗ ਵੱਲੋਂ ਜਾਰੀ ਪੱਤਰ ਅਹਿਤ ਲਾਕਡਾਊਨ ਨੂੰ 1 ਜੂਨ ਤੋਂ 30 ਜੂਨ 2020 ਤੱਕ ਕੰਨਟੇਨਮੈਂਟ ਜੋਨ ਵਿੱਚ ਵਧਾਇਆ ਗਿਆ ਹੈ।

ਕੇਂਦਰ ਅਤੇ ਰਾਜ ਸਰਕਾਰ ਦੀਆਂ ਗਾਈਡ ਲਾਈਨ/ਹਦਾਇਤਾਂ ਦੀ ਰੋਸ਼ਨੀ ਵਿੱਚ ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਧਾਰਾ 144 ਤਹਿਤ ਜਿਲ੍ਹਾ ਫਰੀਦਕੋਟ ਅੰਦਰ ਜ਼ਰੂਰੀ ਸੇਵਾਵਾਂ ਨੂੰ ਛੱਡ ਕੇ ਰਾਤ 9 ਵਜੇ ਤੋਂ ਸਵਰੇ 5 ਖਜੇ ਤੱਕ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ ਤੇ ਰੋਕ ਲਗਾ ਦਿੱਤੀ ਹੈ।

ਉਨ੍ਹਾਂ ਕਿਹਾ ਕਿ ਕੰਨਟੇਨਮੈਂਟ ਜੋਨ ਵਿੱਚ ਇਸ ਸਮੇਂ ਦੌਂਰਾਨ ਸਿਰਫ ਜ਼ਰੂਰੀ ਸੇਵਾਵਾਂ ਦੀ ਹੀ ਆਗਿਆ ਹੋਵੇਗੀ।ਇਸ ਤੋਂ ਇਲਾਵਾ ਧਾਰਾ 144 ਤਹਿਤ ਕਰਫਿਊ/ਲਾਕਡਾਊਨ ਸਬੰਧੀ ਇਸ ਦਫਤਰ ਵੱਲੋਂ ਪਹਿਲਾਂ ਤੋਂ ਜਾਰੀ ਹੁਕਮ/ਪਾਬੰਦੀਆਂ ਲਾਗੂ ਰਹਿਣਗੀਆਂ।

ਉਨ੍ਹਾਂ ਕਿਹਾ ਕਿ ਲਾਕਡਾਊਨ 5.0/ਅਨਲਾਕ 1 ਸਬੰਧੀ ਵਿਸਥਾਰ ਪੂਰਵਕ ਆਦੇਸ਼ ਵੱਖਰੇ ਤੌਰ ਤੇ ਜਾਰੀ ਕੀਤੇ ਜਾਣਗੇ। ਇਹ ਹੁਕਮ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

Dispatch No, I/29680/2020

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਪੁਲਿਸ,ਸਿਹਤ ਕਰਮਚਾਰੀਆਂ ਅਤੇ ਗਰਭਵਤੀ ਔਰਤਾਂ ਦੇ ਲਏ ਜਾ ਰਹੇ ਹਨ ਕੋਰੋਨਾ ਸੈਂਪਲ- ਡਾ.ਰਜਿੰਦਰ ਕੁਮਾਰ

ਕੋਵਿਡ-19 ਤਹਿਤ 127 ਵਿਅਕਤੀਆਂ ਦੇ ਇਕੱਤਰ ਕੀਤੇ ਸੈਂਪਲ

ਫਰੀਦਕੋਟ 1 ਜੂਨ ( ) ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਜਾਣਕਾਰੀ ਦੱਸਿਆ ਕਿ ਕੋਵਿਡ-19 ਤਹਿਤ ਜਿਲ੍ਹਾ ਫਰੀਦਕੋਟ ਨਾਲ ਸਬੰਧਤ ਅੱਜ ਤੱਕ 4737 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਜਿੰਨਾਂ ਵਿੱਚੋਂ 49 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ। ਉਨ੍ਹਾਂ ਦੱਸਿਆ ਕਿ ਪ੍ਰਾਪਤ ਨਤੀਜਿਆਂ ਵਿੱਚੋ 4540 ਰਿਪੋਰਟਾਂ ਨੈਗੇਟਿਵ ਆਈਆਂ ਹਨ। ਹੁਣ ਫਰੀਦਕੋਟ ਦਾ 1 ਐਕਟਿਵ ਕੇਸ ਹੈ ਜੋ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਦਾਖਲ ਹੈ। ਵਿਭਾਗ ਵੱਲੋਂ ਜ਼ਿਲੇ ਦੀਆਂ ਵੱਖ-ਵੱਖ ਸਿਹਤ ਸੰਸਥਾਵਾ ਕੋਟਕਪੂਰਾ,ਜੈਤੋ,ਬਾਜਾਖਾਨਾ,ਸਾਦਿਕ ਅਤੇ ਫਰੀਦਕੋਟ ਵਿਖੇ ਸਥਾਪਿਤ ਫਲੂ ਕਾਰਨਰ ਵਿਖੇ ਸੈਂਪਲ ਇਕੱਤਰ ਕਰਕੇ ਲੈਬ ਨੂੰ ਜਾਂਚ ਲਈ ਭੇਜੇ ਜਾ ਰਹੇ ਹਨ ।ਉਨ੍ਹਾਂ ਹੋਰ ਦੱਸਿਆ ਕਿ ਫਰੰਟ ਲਾਈਨ ਤੇ ਸੇਵਾਵਾ ਨਿਭਾਅ ਰਹੇ ਪੁਲਿਸ ਵਿਭਾਗ ਦੇ ਅਧਿਕਾਰੀ-ਕਰਮਚਾਰੀ,ਸਿਹਤ ਵਿਭਾਗ ਦੇ ਸਟਾਫ ਮੈਂਬਰ,ਆਸ਼ਾ ਵਰਕਰ,ਗਰਭਵਤੀ ਔਰਤਾ,ਹਾਲ ਹੀ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦੇ 127 ਸੈਂਪਲ ਇਕੱਤਰ ਕਰਕੇ ਜਾਂਚ ਲਈ ਲੈਬ ਵਿੱਚ ਭੇਜੇ ਜਾ ਰਹੇ ਹਨ ।ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਜ਼ਿਲੇ ਭਰ ਵਿੱਚ ਕੋਰੋਨਾ ਮਹਾਂਮਾਰੀ ਨੂੰ ਕਾਬੂ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਦੀਆਂ ਟੀਮਾਂ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੀਆਂ ਹਨ। ਉਨਾਂ ਕਿਹਾ ਕਿ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਜਾਰੀ ਹਦਾਇਤਾਂ ਮੁਤਾਬਕ ਜ਼ਿਲੇ ਵਿੱਚ ਮਾਸਕ ਨਾ ਪਹਿਨਣ,ਇਕਾਂਤਵਾਸ ਦੀ ਉਲੰਘਣਾ ਕਰਨ ਵਾਲਿਆਂ ਤੇ ਅਤੇ ਜਨਤਕ ਸਥਾਨਾਂ ਤੇ ਥੁੱਕਣ ਵਾਲੇ ਵਿਅਕਤੀਆਂ ਨੂੰ ਮੌਕੇ ਤੇ ਜੁਰਮਾਨਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ।

ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿ ਕਿਹਾ ਕਿ ਸਾਰਿਆਂ ਨੂੰ ਸਰਕਾਰ ਦੀਆਂ ਹਦਾਇਤਾਂ ਅਤੇ ਅਡਵਾਇਜ਼ਰੀਆਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ ।ਉਨਾਂ ਕਿਹਾ ਕਿ ਫਰੰਟ ਲਈਨ ਤੇ ਸੇਵਾਵਾਂ ਨਿਭਾਅ ਰਹੀਆਂ ਆਸ਼ਾ ਵਰਕਰ,ਸਿਹਤ ਵਿਭਾਗ ਦਾ ਸਟਾਫ,ਪੁਲਿਸ ਵਿਭਾਗ ਦੇ ਸਟਾਫ ਮੈਂਬਰਾਂ ਅਤੇ ਗਰਭਵਤੀ ਔਰਤਾਂ ਦੀ ਸਕਰੀਨੰਗ ਕਰਕੇ ਖੰਘ,ਜ਼ੁਕਾਮ, ਬੁਖਾਰ ਜਾਂ ਫਲੂ ਵਰਗੇ ਲੱਛਣ ਵਾਲਿਆਂ ਦੇ ਸੈਂਪਲ ਇਕੱਤਰ ਕਰਨ ਸਬੰਧੀ ਵੀ ਜ਼ਿਲੇ ਦੇ ਫਲੂ ਕਾਰਨਰ ਦੇ ਇੰਚਾਰਜਾਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ ।ਜਿੰਨਾ ਵਿਅਕਤੀਆਂ ਨੂੰ ਫਲੂ ਦੇ ਲੱਛਣ ਨਾ ਵੀ ਹੋਣ ਅਤੇ ਜਾ ਉਹ ਕੋਰੋਨਾ ਦਾ ਸ਼ੱਕ ਦੂਰ ਕਰਨਾ ਚਾਹੁੰਦੇ ਹਨ ਤਾਂ ਉਹ ਨੇੜੇ ਦੇ ਫਲੂ ਕਾਰਨਰ ਤੇ ਸੈਂਪਲ ਦੇ ਸਕਦੇ ਹਨ।

ਫੋਟੋ ਕੈਪਸ਼ਨ-ਡਾ.ਰਜਿੰਦਰ ਕੁਮਾਰ,ਸਿਵਲ ਸਰਜਨ ਫਰੀਦਕੋਟ,ਸੈਂਪਲ ਇਕਤਰ ਕਰਦੀ ਸਿਹਤ ਵਿਭਾਗ ਦੀ ਟੀਮ ਮੈਂਬਰ।

Dispatch No. I/29668/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸਿਹਤ ਵਿਭਾਗ ਵੱਲੋਂ ਤੰਬਾਕੂ ਵਿਰੋਧੀ ਜਾਗਰੂਕਤਾ ਸਮੱਗਰੀ ਜਾਰੀ

ਵੱਖ-ਵੱਖ ਤੰਬਾਕੂ ਵਿਰੋਧੀ ਗਤੀਵਿਧੀਆਂ ਸਬੰਧੀ ਰੂਪ-ਰੇਖਾ ਤਿਆਰ

ਫਰੀਦਕੋਟ 1 ਜੂਨ ( ) ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਵੱਲੋਂ ਕੋਰੋਨਾ ਮਹਾਂਮਾਰੀ ਦੌਰਾਨ ਸਟੇਟ ਤੰਬਾਕੂ ਕੰਟਰੋਲ ਸੈੱਲ ਵੱਲੋਂ ਪ੍ਰਾਪਤ ਹੋਏ ਦਿਸ਼ਾ ਨਿਰਦੇਸ਼ ਮੁਤਾਬਕ ਟਾਸਕ ਫੋਰਸ ਨਾਲ ਜ਼ਿਲੇ ਭਰ'ਚ ਹੋਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਸਬੰਧੀ ਮੀਟਿੰਗ ਕਰ ਰੂਪ ਰੇਖਾ ਤਿਆਰ ਕੀਤੀ ਤਾਂ ਜੋ ਜ਼ਿਲੇ ਭਰ ਵਿਚ ਸਿਗਰੇਟ ਐਂਡ ਅਦਰ ਤੰਬਾਕੂ ਉਤਪਾਦ ਐਕਟ-2003 ਨੂੰ ਲਾਗੂ ਕਰਵਾਇਆ ਜਾ ਸਕੇ।

ਜ਼ਿਲਾ ਤੰਬਾਕੂ ਕੰਟਰੋਲ ਸੈੱਲ ਦੇ ਨੋਡਲ ਅਫਸਰ ਡਾ.ਪੁਸ਼ਪਿੰਦਰ ਸਿੰਘ ਕੂਕਾ ਨੇ ਦੱਸਿਆ ਕਿ 31 ਮਈ ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮੌਕੇ ਸਟੇਟ ਸੈੱਲ ਵੱਲੋਂ ਜ਼ਿਲੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਨੂੰ ਤੰਬਾਕੂ ਮੁਕਤ ਕਰਨ ਲਈ ਵਿਸ਼ੇਸ਼ ਜਾਗਰੂਕਤਾ ਸਮੱਗਰੀ ਭੇਜੀ ਗਈ ਹੈ ਉਨਾਂ ਕਿਹਾ ਕੇ ਇਹ ਸਮੱਗਰੀ ਹਰ ਸਿਹਤ ਸੰਸਥਾ ਵਿੱਚ ਸੁਚੱਜੇ ਢੰਗ ਨਾਲ ਪ੍ਰਦਰਸ਼ਿਤ ਕੀਤੀ ਜਾਵੇ ਤਾਂ ਜੋ ਇਲਾਜ ਕਰਵਾਉਣ ਵਾਲੇ ਮਰੀਜ਼ਾਂ ਅਤੇ ਹੋਰ ਵਿਅਕਤੀਆਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਅਤੇ ਸਿਹਤ ਸੰਸਥਾਵਾਂ ਦੀ ਚਾਰ ਦਿਵਾਰੀ ਅੰਦਰ ਤੰਬਾਕੂ ਦੀ ਵਰਤੋਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ।ਮੀਟਿੰਗ ਵਿੱਚ ਤੰਬਾਕੂ ਵਿਰੋਧੀ ਜਾਗਰੂਕਤਾ ਗਤੀਵਿਧੀਆਂ,ਛਾਪੇਮਾਰੀ ਅਤੇ ਚਲਾਣ ਅਮਲ ਵਿਚ ਲਿਆਂਉਣ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਬੀ.ਈ.ਈ ਬਲਾਕ ਨੋਡਲ ਅਫਸਰ ਡਾ.ਪ੍ਰਭਦੀਪ ਸਿੰਘ ਚਾਵਲਾ ਨੇ ਗੈਰ ਕਾਨੂੰਨੀ ਤੰਬਾਕੂ ਦੀ ਹੋ ਰਹੀ ਸਪਲਾਈ ਅਤੇ ਜਨਤਕ ਸਥਾਨ ਤੇ ਤੰਬਾਕੂਨੋਸ਼ੀ ਨੂੰ ਠੱਲ ਪਾਉਣ ਸਬੰਧੀ ਵਿਚਾਰ ਰੱਖੇ।ਉਨਾਂ ਇਸ ਮੁਹਿੰਮ ਵਿਚ ਪੰਚਾਇਤਾਂ,ਕਲੱਬ ਅਤੇ ਸਮਾਜਸੇਵੀ ਸੰਸਥਾਵਾਂ ਦੇ ਮਹੱਤਵ ਅਤੇ ਸਹਿਯੋਗ ਸਬੰਧੀ ਵੀ ਵਿਚਾਰ ਪੇਸ਼ ਕੀਤੇ।ਇਸ ਮੌਕੇ ਐਮ.ਈ.ਓ ਮੀਨਾ ਕੁਮਾਰੀ ਅਤੇ ਡਿਪਟੀ ਐਮ.ਈ.ਓ ਅਮਰਜੀਤ ਕੌਰ ਨੇ ਮਾਸ ਮੀਡੀਆ ਵਿੰਗ ਵੱਲੋਂ ਤਿਆਰ ਕੀਤੀ ਜਾਗਰੂਕਤਾ ਸਮੱਗਰੀ ਵੱਖ-ਵੱਖ ਸਥਾਨਾਂ ਤੇ ਪ੍ਰਦਰਸ਼ਿਤ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ।ਡਾ.ਰਜਿੰਦਰ ਕੁਮਾਰ ਨੇ ਤੰਬਾਕੂ ਵਿਰੋਧੀ ਜਾਗਰੂਕਤਾ ਸਮੱਗਰੀ ਜਾਰੀ ਕੀਤੀ ਅਤੇ ਵੱਖ-ਵੱਖ ਸਿਹਤ ਸੰਸਥਾਵਾਂ ਨੂੰ ਜਲਦ ਪਹੁੰਚਾਉਣ ਲਈ ਹਦਾਇਤ ਵੀ ਕੀਤੀ।

ਤੰਬਾਕੂਨੋਸ਼ੀ ਵਿਰੋਧੀ ਸਮੱਗਰੀ ਜਾਰੀ ਕਰਦੇ ਹੋਏ ਸਿਵਲ ਸਰਜਨ ਡਾ.ਰਜਿੰਦਰ ਕੁਮਾਰ,ਨੋਡਲ ਅਫਸਰ ਡਾ.ਪੁਸ਼ਪਿੰਦਰ ਸਿੰਘ ਕੂਕਾ ਅਤੇ ਬੀ.ਈ.ਈ ਡਾ.ਪ੍ਰਭਦੀਪ ਚਾਵਲਾ।

Dispatch No. I/29686/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਜਿਲ੍ਹਾ ਮੈਜਿਸਟ੍ਰੇਟ ਵੱਲੋਂ ਕੋਵਿਡ-19 ਰੋਕਥਾਮ ਤਹਿਤ ਪਾਬੰਦੀਆਂ ਤੇ ਮਨਜ਼ੂਰੀਆਂ

ਜ਼ਿਲੇ 'ਚ ਦੁਕਾਨਾ ਪਹਿਲਾਂ ਵਾਂਗ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਖੁੱਲਣਗੀਆ

ਸਿਨੇਮਾ ਹਾਲ, ਜਿਮਨੇਜ਼ੀਅਮ, ਤੈਰਾਕੀ ਤਲਾਅ, ਮਨੋਰੰਜਕ ਪਾਰਕ, ਥੀਏਟਰ, ਬਾਰ, ਆਡੀਟੋਰੀਅਮ, ਇਕੱਤਰਤਾ ਹਾਲ ਆਦਿ ਬੰਦ ਰਹਿਣਗੇ

ਧਾਰਮਿਕ/ਪੂਜਾ ਸਥਾਨ, ਹੋਟਲ ਤੇ ਹੋਰ ਮੇਜ਼ਬਾਨੀ ਸੇਵਾਵਾਂ ਤੇ ਸ਼ਾਪਿੰਗ ਮਾਲ ਖੋਲਣ ਬਾਰੇ ਫ਼ੈਸਲਾ 7 ਜੂਨ ਤੋਂ ਬਾਅਦ

ਲੋਕਾਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ, ਮਾਸਕ ਪਾਉਣ ਦੇ ਆਦੇਸ਼

ਫਰੀਦਕੋਟ 1 ਜੂਨ () ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਭਾਰਤ ਸਰਕਾਰ ਵੱਲੋਂ ਕੋਵਿਡ-19 ਨੂੰ ਮਹਾਂਮਾਰੀ ਘੋਸ਼ਿਤ ਕਰਨ ਮਗਰੋਂ ਮਿਤੀ 23 ਮਾਰਚ ਤੋਂ ਕਰਫਿਊ ਦੀ ਲਗਾਤਾਰਤਾ ਵਿੱਚ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਢਿੱਲ ਦਿੱਤੀ ਗਈ ਸੀ।

ਭਾਰਤ ਸਰਕਾਰ ਦੇ ਗ੍ਰਹਿ ਸਕੱਤਰ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਦੇਸ਼ ਵਿੱਚ ਕੰਨਟੇਨਮੈਂਟ ਜੋਨਾਂ ਵਿੱਚ ਲਾਕ ਡਾਊਨ ਮਿਤੀ 30 ਜੂਨ 2020 ਤੱਕ ਵਧਾਉਣ ਉਪਰੰਤ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੇ ਮੱਦੇਨਜ਼ਰ ਭਾਰਤੀ ਫ਼ੌਜਦਾਰੀ ਜ਼ਾਬਤਾ ਸੰਘਤਾ ਦੀ ਧਾਰਾ 144 ਤਹਿਤ ਹੁਕਮ ਜਾਰੀ ਕਰਦੇ ਹੋਏ ਜਿਲ੍ਹਾ ਫਰੀਦਕੋਟ ਅੰਦਰ ਹੇਠ ਗਤੀਵਿਧੀਆ ਕਰਨ ਦੀ ਆਗਿਆ ਦਿੱਤੀ ਹੈ।

ਕੋਵਿਡ ਰੋਕਥਾਮ ਤਹਿਤ ਜਾਰੀ ਪਾਬੰਦੀਆਂ ਤੇ ਮਨਜ਼ੂਰੀਆਂ 'ਚ ਜ਼ਿਲੇ 'ਚ ਜ਼ਰੂਰੀ ਅਤੇ ਗੈਰ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਪਹਿਲਾਂ ਤੋਂ ਹੀ ਤੈਅ ਸਮੇਂ ਅਨੁਸਾਰ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਖੁੱਲ ਸਕਣਗੀਆਂ। ਸ਼ਰਾਬ ਦੀਆਂ ਦੁਕਾਨਾਂ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਖੁਲ ਸਕਣਗੀਆਂ।

ਜ਼ਿਲੇ 'ਚ ਧਾਰਮਿਕ/ਪੂਜਾ ਸਥਾਨ, ਹੋਟਲ ਤੇ ਹੋਰ ਮੇਜ਼ਬਾਨੀ ਸੇਵਾਵਾਂ ਤੇ ਸ਼ਾਪਿੰਗ ਮਾਲ ਅਤੇ ਰੈਸਟੋਰੈਂਟਜ਼ ਜਨਤਕ ਤੌਰ 'ਤੇ ਖੋਲਣ ਬਾਰੇ ਫ਼ੈਸਲਾ 7 ਜੂਨ ਤੋਂ ਬਾਅਦ ਵੱਖਰੇ ਹੁਕਮਾਂ ਦੁਆਰਾ ਕੀਤਾ ਜਾਵੇਗਾ।

ਹਜਾਮਤ, ਹੇਅਰ ਕਟ ਸੈਲੂਨ, ਬਿਊਟੀ ਪਾਰਲਰ ਤੇ ਸਪਾ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਣਾ ਅਨੁਸਾਰ ਹੀ ਖੋਲੇ ਜਾ ਸਕਣਗੇ।

ਸਪੋਰਟਸ ਕੰਪਲੈਕਸ ਤੇ ਸਟੇਡੀਅਮ ਬਿਨਾਂ ਦਰਸ਼ਕਾਂ ਦੇ ਖੁੱਲ੍ਹੇ ਰਹਿਣਗੇ।ਪਰੰਤੂ ਇਹ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਸਿਹਤ ਵਿਭਾਗ ਵੱਲੋਂ ਨਿਰਧਾਰਿਤ ਹਦਾਇਤਾਂ ਦੀ ਪਾਲਣਾ ਕਰਨਗੇ। ਸਨਅਤਾਂ ਤੇ ਸਨਅਤੀ ਅਦਾਰਿਆਂ ਨੂੰ ਦਿਹਾਤੀ ਤੇ ਸ਼ਹਿਰੀ ਖੇਤਰਾਂ ’ਚ ਖੁੱਲ੍ਹੀਆਂ ਰਹਿਣਗੀਆਂ ਅਤੇ ਇਹ ਕੋਵਿਡ-19 ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣਗੇ।ਉਸਾਰੀ ਗਤੀਵਿਧੀਆਂ ਵੀ ਸ਼ਹਿਰ ਤੇ ਪੇਂਡੂ ਇਲਾਕੇ ’ਚ ਬਿਨਾਂ ਕਿਸੇ ਬੰਦਸ਼ ਤੋਂ ਚੱਲ ਸਕਣਗੀਆਂ। ਖੇਤੀਬਾੜੀ, ਬਾਗ਼ਬਾਨੀ, ਪਸ਼ੂ ਪਾਲਣ ਤੇ ਵੈਟਰਨਰੀ ਸੇਵਾਵਾਂ ਵੀ ਬੇ-ਰੋਕ ਟੋਕ ਚੱਲ ਸਕਣਗੀਆਂ। ਈ-ਕਾਮਰਸ ਨੂੰ ਸਾਰੀਆਂ ਵਸਤਾਂ ਵਾਸਤੇ ਆਗਿਆ ਹੋਵੇਗੀ।

ਵਿਆਹ ਸ਼ਾਦੀਆਂ ਸਬੰਧੀ ਸਮਾਗਮ ਇਸ ਦਫਤਰ ਪਾਸੋਂ ਪ੍ਰਵਾਨਗੀ ਉਪਰੰਤ ਹੀ ਆਯੋਜਿਤ ਕੀਤੇ ਜਾ ਸਕਣਗੇ।

ਇਸ ਤੋਂ ਇਲਾਵਾ ਹੇਠ ਲਿਖੀਆਂ ਗਤੀਵਿਧੀਆਂ ਤੇ ਮੁਕੰਮਲ ਤੌਰ ਤੇ ਪਾਬੰਦੀ ਰਹੇਗੀ।

ਜਿਲ੍ਹੇ ਵਿੱਚ ਸਨੇਮਾ ਹਾਲ, ਜਿਮਨੇਜ਼ੀਅਮ, ਤੈਰਾਕੀ ਤਲਾਅ, ਮਨੋਰੰਜਕ ਪਾਰਕ, ਥੀਏਟਰ, ਬਾਰ, ਆਡੀਟੋਰੀਅਮ, ਅਸੈਂਬਲੀ ਹਾਲ ਤੇ ਅਜਿਹੇ ਹੋਰ ਸਥਾਨ ਬੰਦ ਰਹਿਣਗੇ। ਸਮਾਜਿਕ/ਰਾਜਨੀਤਿਕ/ਖੇਡ/ਮਨੋਰੰਜਕ/ਅਕਾਦਮਿਕ/ਸਭਿਆਚਾਰਕ/ਧਾਰਮਿਕ ਸਮਾਗਮ ਅਤੇ ਹੋਰ ਵੱਡੇ ਇਕੱਠਾਂ ’ਤੇ ਮਨਾਹੀ ਰਹੇਗੀ। ਪਬਲਿਕ ਥਾਵਾਂ ਤੇ ਥੁੱਕਣ ਦੀ ਮਨਾਹੀ ਹੋਵੇਗੀ। ਸ਼ਰਾਬ, ਪਾਨ, ਗੁਟਕਾ, ਤੰਬਾਕੂ ਆਦਿ ਦੇ ਜਨਤਕ ਥਾਂਵਾਂ ’ਤੇ ਸੇਵਨ ਦੀ ਮਨਾਹੀ ਰਹੇਗੀ ਪਰੰਤੂ ਉਨਾਂ ਦੀ ਵਿੱਕਰੀ ’ਤੇ ਰੋਕ ਨਹੀਂ ਹੋਵੇਗੀ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਕੋਵਿਡ-19 ਮਹਾਂਮਾਰੀ ਲਈ ਸਾਰਥਕ ਕਦਮ ਆਮ ਜਨਤਾ ਦੇ ਸਹਿਯੋਗ ਨਾਲ ਹੀ ਚੁੱਕੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਹਰ ਵਿਅਕਤੀ, ਦੁਕਾਨਦਾਰ, ਗਾਹਕ ਘੱਟੋਂ ਘੱਟ 2 ਮੀਟਰ ਦੀ ਸਮਾਜਿਕ ਦੂਰੀ ਬਣਾ ਕੇ ਰੱਖੇਗਾ ਅਤੇ ਆਪਣਾ ਮੂੰਹ ਕੱਪੜੇ ਦੇ ਮਾਸਕ, ਸਾਧਾਰਨ ਕੱਪੜੇ ਜਾਂ ਮਾਸਕ ਨਾਲ ਢੱਕ ਦੇ ਰੱਖਣਾ ਯਕੀਨੀ ਬਣਾਏਗਾ। ਉਨ੍ਹਾਂ ਇਹ ਵੀ ਹੁਕਮ ਦਿੱਤਾ ਕਿ ਜਿੱਥੋਂ ਤੱਕ ਸੰਭਵ ਹੋਵੇ ਕੇਵਲ ਜਰੂਰੀ ਹਾਲਾਤਾਂ ਵਿੱਚ ਹੀ ਲੋਕ ਘਰਾਂ ਤੋਂ ਬਾਹਰ ਆਉਣ। ਜਿਲ੍ਹਾ ਮੈਜਿਸਟ੍ਰੇਟ ਨੇ ਇਹ ਵੀ ਹੁਕਮ ਦਿੱਤਾ ਕਿ ਚਾਰ ਪਹੀਆ ਅਤੇ ਦੋ ਪਹੀਆ ਵਾਹਨਾਂ ਦੀ ਘੱਟੋ ਤੋਂ ਘੱਟ ਵਰਤੋਂ ਕੀਤੀ ਜਾਵੇ। ਹੁਕਮਾਂ ਦੀ ਉਲੰਘਣਾ ਕਰਨ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।